ਰਾਗੁ ਬਿਲਾਵਲੁ ਮਹਲਾ ੯ ਦੁਪਦੇ ੧ੴ ਸਤਿਗੁਰ ਪ੍ਰਸਾਦਿ ॥ ਦੁਖ ਹਰਤਾ ਹਰਿ ਨਾਮੁ ਪਛਾਨੋ ॥ ਅਜਾਮਲੁ ਗਨਿਕਾ ਜਿਹ ਸਿਮਰਤ ਮੁਕਤ ਭਏ ਜੀਅ ਜਾਨੋ ॥ ੧॥ ਰਹਾਉ ॥ ਗਜ ਕੀ ਤ੍ਰਾਸ ਮਿਟੀ ਛਿਨਹੂ ਮਹਿ ਜਬ ਹੀ ਰਾਮੁ ਬਖਾਨੋ ॥ ਨਾਰਦ ਕਹਤ ਸੁਨਤ ਧ੍ਰੂਅ ਬਾਰਿਕ ਭਜਨ ਮਾਹਿ ਲਪਟਾਨੋ ॥੧॥ ਅਚਲ ਅਮਰ ਨਿਰਭੈ ਪਦੁ ਪਾਇਓ ਜਗਤ ਜਾਹਿ ਹੈਰਾਨੋ ॥ ਨਾਨਕ ਕਹਤ ਭਗਤ ਰਛਕ ਹਰਿ ਨਿਕਟਿ ਤਾਹਿ ਤੁਮ ਮਾਨੋ ॥੨॥੧॥ {ਪੰਨਾ 830}

ਪਦਅਰਥ:- ਪਛਾਨੋ—ਪਛਾਨੁ, ਜਾਣ-ਪਛਾਣ ਪਾ, ਸਾਂਝ ਪਾਈ ਰੱਖ। ਹਰਤਾ—ਨਾਸ ਕਰਨ ਵਾਲਾ। ਜਿਹ—ਜਿਸ ਨੂੰ। ਜੀਅ ਜਾਨੋ—ਜਿੰਦ ਨਾਲ ਜਾਣ, ਹਿਰਦੇ ਵਿਚ ਸਾਂਝ ਪਾ। ਅਜਾਮਲੁ—ਭਾਗਵਤ ਦੀ ਕਥਾ ਹੈ ਕਿ ਇਹ ਇਕ ਬ੍ਰਾਹਮਣ ਸੀ ਕਨੌਜ ਦਾ ਰਹਿਣ ਵਾਲਾ। ਹੈ ਸੀ ਕੁਕਰਮੀ, ਵੇਸਵਾ-ਗਾਮੀ। ਆਪਣੇ ਇਕ ਪੁਤ੍ਰ ਦਾ ਇਸ ਨੇ 'ਨਾਰਾਇਣ' ਨਾਮ ਰੱਖ ਲਿਆ। ਇਥੋਂ ਨਾਰਾਇਣ (ਪਰਮਾਤਮਾ) ਦੇ ਸਿਮਰਨ ਦੀ ਲਗਨ ਲੱਗ ਗਈ। ਗਨਿਕਾ—ਇਕ ਵੇਸਵਾ ਸੀ। ਇਕ ਸਾਧੂ ਨੇ ਇਸ ਨੂੰ ਇਕ ਤੋਤਾ ਦਿੱਤਾ ਤੇ ਆਖਿਆ ਕਿ ਤੋਤੇ ਨੂੰ 'ਰਾਮ ਨਾਮ' ਪੜ੍ਹਾਇਆ ਕਰ। ਉਥੋਂ ਹੀ ਲਿਵ ਲੱਗ ਗਈ।1। ਰਹਾਉ।

ਗਜ—ਭਾਗਵਤ ਦੀ ਹੀ ਕਥਾ ਹੈ। ਇਕ ਗੰਧਰਬ ਕਿਸੇ ਰਿਖੀ ਦੇ ਸਰਾਪ ਨਾਲ ਹਾਥੀ ਦੇ ਜਨਮ ਵਿਚ ਚਲਾ ਗਿਆ। ਵਰੁਣ ਦੇਵਤੇ ਦੇ ਤਲਾਬ ਵਿਚ ਇਸ ਨੂੰ ਇਕ ਤੰਦੂਏ ਨੇ ਆਪਣੀਆਂ ਤੰਦਾਂ ਨਾਲ ਜਕੜ ਲਿਆ। ਪਰਮਾਤਮਾ ਦੀ ਓਟ ਨੇ ਉਥੋਂ ਛਡਾਇਆ, ਤੇ, ਸ੍ਰਾਪ ਤੋਂ ਭੀ ਬਚਾਇਆ। ਤ੍ਰਾਸ—ਡਰ। ਬਖਾਨੋ—ਬਖਾਨਿਆ, ਉਚਾਰਿਆ। ਕਹਤ—ਆਖਦਾ, ਉਪਦੇਸ਼ ਕਰਦਾ ਸੀ। ਲਪਟਾਨੋ—ਮਸਤ ਹੋ ਗਿਆ।1।

ਅਚਲ—ਅਟੱਲ। ਅਮਰ—ਕਦੇ ਨਾਹ ਮੁੱਕਣ ਵਾਲਾ। ਨਿਰਭੈ ਪਦੁ—ਉਹ ਆਤਮਕ ਦਰਜਾ ਜਿਥੇ ਕੋਈ ਡਰ ਪੋਹ ਨਾਹ ਸਕੇ। ਜਾਹਿ—ਜਿਸ ਨਾਲ। ਰਛਕ—ਰੱਖਿਆ ਕਰਨ ਵਾਲਾ। ਨਿਕਟਿ—ਨੇੜੇ, ਅੰਗ-ਸੰਗ। ਤਾਹਿ—ਉਸ ਨੂੰ। ਮਾਨੋ—ਮੰਨੋ।2।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਨਾਲ ਸਾਂਝ ਪਾਈ ਰੱਖ, ਇਹ ਨਾਮ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। ਇਸ ਨਾਮ ਨੂੰ ਸਿਮਰਦਿਆਂ ਸਿਮਰਦਿਆਂ ਅਜਾਮਲ ਵਿਕਾਰਾਂ ਤੋਂ ਹਟ ਗਿਆ, ਗਨਿਕਾ ਵਿਕਾਰਾਂ ਤੋਂ ਮੁਕਤ ਹੋ ਗਈ। ਤੂੰ ਭੀ ਆਪਣੇ ਹਿਰਦੇ ਵਿਚ ਉਸ ਹਰਿ-ਨਾਮ ਨਾਲ ਜਾਣ-ਪਛਾਣ ਬਣਾਈ ਰੱਖ।1। ਰਹਾਉ।

ਹੇ ਭਾਈ! ਜਦੋਂ ਗਜ ਨੇ ਪਰਮਾਤਮਾ ਦਾ ਨਾਮ ਉਚਾਰਿਆ, ਉਸ ਦੀ ਬਿਪਤਾ ਭੀ ਇਕ ਛਿਨ ਵਿਚ ਹੀ ਦੂਰ ਹੋ ਗਈ। ਨਾਰਦ ਦਾ ਕੀਤਾ ਹੋਇਆ ਉਪਦੇਸ਼ ਸੁਣਦਿਆਂ ਬਾਲਕ ਧ੍ਰੂ ਪਰਮਾਤਮਾ ਦੇ ਭਜਨ ਵਿਚ ਮਸਤ ਹੋ ਗਿਆ।1।

(ਹਰਿ-ਨਾਮ ਦੇ ਭਜਨ ਦੀ ਬਰਕਤ ਨਾਲ ਧ੍ਰੂ ਨੇ) ਐਸਾ ਆਤਮਕ ਦਰਜਾ ਪ੍ਰਾਪਤ ਕਰ ਲਿਆ ਜੋ ਸਦਾ ਲਈ ਅਟੱਲ ਤੇ ਅਮਰ ਹੋ ਗਿਆ। ਉਸ ਨੂੰ ਵੇਖ ਕੇ ਦੁਨੀਆ ਹੈਰਾਨ ਹੋ ਰਹੀ ਹੈ। ਨਾਨਕ ਆਖਦਾ ਹੈ—ਹੇ ਭਾਈ! ਤੂੰ ਭੀ ਉਸ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝ, ਉਹ ਪਰਮਾਤਮਾ ਆਪਣੇ ਭਗਤਾਂ ਦੀ ਰੱਖਿਆ ਕਰਨ ਵਾਲਾ ਹੈ।2।1।